# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :22-08-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਆਪ੍ਰੇਸ਼ਨ ਸਿੰਦੂਰ ਨੇ ਭਾਰਤ ਦੀ ਰੱਖਿਆ ਰਣਨੀਤੀ ਵਿੱਚ ਇੱਕ ਨਵੀਂ ਲਕੀਰ ਖਿੱਚੀ ਏ - ਉਹਨਾਂ ਬਿਹਾਰ ਦੇ ਗਯਾ ਵਿਚ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ
- ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਨੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਕੀਤੀ ਮੁਲਾਕਾਤ-ਪੁਲਾੜ ਦੇ ਅਨੁਭਵ ਕੀਤੇ ਸਾਂਝੇ.
- ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਤੇ ਸਾਬਕਾ ਸਿਹਤ ਮੰਤਰੀ ਸੁਰਜੀਤ ਕੁਮਾਰ ਜਿਆਣੀ ਅਤੇ ਹੋਰਾਂ ਨੂੰ ਹਿਰਾਸਤ ਵਿਚ ਲਿਆ
- ਉੱਘੇ ਕਾਮੇਡੀਅਨ ਤੇ ਪੰਜਾਬੀ ਸਿਨੇਮਾ ਦੇ ਦਿੱਗਜ ਅਦਾਕਾਰ ਜਸਵਿੰਦਰ ਭੱਲਾ ਦਾ ਹੋਇਆ ਦੇਹਾਂਤ-ਸਸਕਾਰ ਕਲ
- ਪਟਿਆਲੇ ਦੇ ਹੋਣਹਾਰ ਖਿਡਾਰੀ ਵਿਹਾਨ ਮਲਹੋਤਰਾ ਦੀ ਆਸਟਰੇਲੀਆ ਦੌਰੇ ਲਈ ਭਾਰਤ ਦੀ ਅੰਡਰ 19 ਕ੍ਰਿਕਟ ਟੀਮ ਵਿੱਚ ਹੋਈ ਚੋਣ

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਆਪ੍ਰੇਸ਼ਨ ਸਿੰਦੂਰ ਨੇ ਭਾਰਤ ਦੀ ਰੱਖਿਆ ਰਣਨੀਤੀ ਵਿੱਚ ਇੱਕ ਨਵੀਂ ਲਕੀਰ ਖਿੱਚੀ ਏ । ਉਹਨਾਂ ਕਿਹਾ ਕਿ ਭਾਰਤ ਵਿੱਚ ਅੱਤਵਾਦੀ ਭੇਜਣ ਜਾਂ ਹਮਲਿਆਂ ਦੀ

ਯੋਜਨਾ ਬਣਾਉਣ ਤੋਂ ਬਾਅਦ ਕੋਈ ਵੀ ਬਚ ਨਹੀਂ ਸਕਦਾ। ਉਨ੍ਹਾਂ ਟਿੱਪਣੀ ਕੀਤੀ ਕਿ ਭਾਵੇਂ ਦਹਿਸ਼ਤਗਰਦ ਧਰਤੀ ਦੀਆਂ ਡੂੰਘਾਈਆਂ ਵਿੱਚ ਲੁਕ ਜਾਣ, ਭਾਰਤ ਦੀਆਂ ਮਿਜ਼ਾਈਲਾਂ ਉਨ੍ਹਾਂ ਨੂੰ ਉੱਥੇ ਹੀ ਦੱਬ ਦੇਣਗੀਆਂ। ਪ੍ਰਧਾਨ ਮੰਤਰੀ ਨੇ ਇਹ ਗੱਲ ਅੱਜ ਬਿਹਾਰ ਦੇ ਗਯਾ ਵਿਖੇ 12 ਹਜ਼ਾਰ ਕਰੋੜ ਰੁਪਏ ਦੇ ਕਈ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਣ ਤੇ ਉਦਘਾਟਨ ਕਰਨ ਤੋਂ ਬਾਅਦ ਕਹੀ। ਉਹਨਾਂ ਗਯਾ ਤੇ ਦਿੱਲੀ ਵਿਚਕਾਰ ਅੰਮ੍ਰਿਤ ਭਾਰਤ ਐਕਸਪ੍ਰੈਸ ਟ੍ਰੇਨ ਤੇ ਵੈਸ਼ਾਲੀ ਤੇ ਕੋਡਰਮਾ ਵਿਚਕਾਰ ਬੋਧੀ ਸਰਕਟ ਟ੍ਰੇਨ ਨੂੰ ਵੀ ਹਰੀ ਝੰਡੀ ਦਿਖਾਈ ਜੋ ਇਸ ਖੇਤਰ ਦੇ ਮੁੱਖ ਬੋਧੀ ਸਥਾਨਾਂ 'ਤੇ ਸੈਰ-ਸਪਾਟਾ ਤੇ ਧਾਰਮਿਕ ਯਾਤਰਾ ਨੂੰ ਹੁਲਾਰਾ ਦੇਵੇਗੀ। ਪ੍ਰਧਾਨ ਮੰਤਰੀ ਨੇ ਟਿੱਪਣੀ ਕੀਤੀ ਕਿ ਦੇਸ਼ ਵਿੱਚ ਘੁਸਪੈਠੀਆਂ ਦੀ ਵੱਧ ਰਹੀ ਗਿਣਤੀ ਗੰਭੀਰ ਚਿੰਤਾ ਦਾ ਵਿਸ਼ਾ ਏ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਬਿਹਾਰ ਦੇ ਸਰਹੱਦੀ ਜ਼ਿਲ੍ਹਿਆਂ ਦਾ ਜਨਸੰਖਿਆ ਪ੍ਰੋਫਾਈਲ ਤੇਜ਼ੀ ਨਾਲ ਬਦਲ ਰਿਹਾ ਏ ਤੇ ਸਰਕਾਰ ਨੇ ਘੁਸਪੈਠੀਆਂ ਨੂੰ ਦੇਸ਼ ਦਾ ਭਵਿੱਖ ਤੈਅ ਨਾ ਕਰਨ ਦੇਣ ਦਾ ਸੰਕਲਪ ਲਿਆ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਘੁਸਪੈਠੀਆਂ ਨੂੰ ਬਿਹਾਰ ਦੇ ਨੌਜਵਾਨਾਂ ਤੋਂ ਰੁਜ਼ਗਾਰ ਦੇ ਮੌਕੇ ਖੋਹਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। byte

---------------------------------------------------------------------------------

ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ ਤੇ ਪੁਲਾੜ ਵਿਚ ਆਪਣੇ ਅਨੁਭਵ ਸਾਂਝੇ ਕੀਤੇ। ਗਰੁੱਪ ਕੈਪਟਨ ਪ੍ਰਸ਼ਾਂਤ ਬਾਲਕ੍ਰਿਸ਼ਨਨ ਨਾਇਰ ਤੇ ਗਰੁੱਪ ਕੈਪਟਨ ਪੁਨਿਆਸ਼ਲੋਕ ਬਿਸਵਾਲ, ਇਸਰੋ ਦੇ ਚੇਅਰਮੈਨ ਤੇ ਪੁਲਾੜ ਵਿਭਾਗ ਦੇ ਸਕੱਤਰ ਡਾ. ਵੀ. ਨਾਰਾਇਣਨ ਤੇ ਹਿਊਮਨ ਸਪੇਸ ਫਲਾਈਟ ਸੈਂਟਰ ਦੇ ਡਾਇਰੈਕਟਰ ਦਿਨੇਸ਼ ਕੁਮਾਰ ਸਿੰਘ ਵੀ ਇਸ ਮੌਕੇ ਮੌਜੂਦ ਸਨ। ਰਾਸ਼ਟਰਪਤੀ ਨੇ ਪੂਰੀ ਟੀਮ ਨੂੰ ਭਵਿੱਖ ਦੇ ਯਤਨਾਂ, ਖਾਸ ਕਰਕੇ ਗਗਨਯਾਨ ਮਿਸ਼ਨ ਲਈ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।

---------------------------------------------------------------------------------

ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੂੰ ਸਾਬਕਾ ਸਿਹਤ ਮੰਤਰੀ ਸੁਰਜੀਤ ਕੁਮਾਰ ਜਿਆਣੀ ਅਤੇ ਹੋਰਾਂ ਸਮੇਤ ਫਾਜ਼ਿਲਕਾ ਵਿਚ ਹਿਰਾਸਤ ਵਿਚ ਲਏ ਜਾਣ ਦੀ ਭਾਜਪਾ ਆਗੂਆਂ ਨੇ ਨਿਖੇਦੀ ਕੀਤੀ ਏ . ਸੁਨੀਲ ਜਾਖੜ ਨੂੰ ਉਸ ਵੇਲੇ ਫਾਜ਼ਿਲਕਾ ਪੁਲਿਸ ਵਲੋਂ ਕੁਝ ਦੇਰ ਲਈ ਹਿਰਾਸਤ ਵਿਚ ਲੈ ਲਿਆ ਗਿਆ ਜਦੋਂ ਉਹ ਬੱਲੂਆਣਾ ਹਲਕੇ ਦੇ ਪਿੰਡ ਰਾਏਪੁਰ ਵਿਚ ਭਾਜਪਾ ਵਲੋਂ ਲੋਕਾਂ ਨੂੰ ਕੇਂਦਰ ਸਰਕਾਰ ਦੀਆਂ ਯੋਜਨਾਵਾਂ

ਤੋਂ ਯਾਗਰੁਕ ਕਾਰਨ ਲਈ ਲਗਾਏ ਕੈਂਪਾਂ ਵਿਚ ਸ਼ਾਮਿਲ ਹੋਣ ਜਾ ਰਹੇ ਸਨ. ਪੰਜਾਬ ਦੇ ਸਾਬਕਾ ਮੁਖ ਮੰਤਰੀ ਅਤੇ ਸੀਨਿਅਰ ਭਾਜਪਾ ਆਗੂ ਕੈਪਟਨ ਅਮਰਿੰਦਰ ਸਿੰਘ ਨੇ ਜਾਖੜ ਤੇ ਹੋਰਾਂ ਨੂੰ ਹਿਰਾਸਤ ਵਿਚ ਲਾਏ ਜਾਣ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਸੂਬੇ ਦੀ ਆਪ ਸਰਕਾਰ ਭਾਜਪਾ ਦੀਆਂ ਜਾਇਜ ਅਤੇ ਜਮਹੂਰੀ ਪਹਿਲਕਦਮੀਆਂ ਨੂੰ ਦਬਾਉਣ ਲਈ ਪੰਜਾਬ ਪੁਲਿਸ ਨੂੰ ਇਕ ਸਿਆਸੀ ਹਥਿਆਰ ਵਜੋਂ ਵਰਤ ਰਹੀ ਏ . ਉਹਨਾਂ ਕਿਹਾ ਕਿ ਭਾਜਪਾ ਕੇਂਦਰ ਦੀਆਂ ਸਕੀਮਾਂ ਜੋਈਵੇ ਕਿ ਆਯੂਸ਼ਮਾਨ ਭਾਰਤ , ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧਿ ਅਤੇ ਪੈਨਸ਼ਨ ਯੋਜਨਾਵਾਂ ਦਾ ਲਾਭ ਗਰੀਬ ਪਰਿਵਾਰਾਂ, ਕਿਸਾਨ ਔਰਤਾਂ ਤੇ ਨੁਜਵਾਨਾਂ ਤਕ ਪਹੁੰਚਾਉਣ ਲਈ ਪਿੰਡਾਂ ਵਿਚ ਕੈਂਪ ਲਗਾ ਰਹੀ ਏ, ਪਾਰ ਮਾਨ ਸਰਕਾਰ ਸਿਆਸੀ ਅਸੁਰੱਖਿਆ ਕਾਰਣ ਇਸ ਚੰਗੇ ਕੰਮ ਵਿਚ ਅੜਿਕੇ ਪਾ ਰਹੀ ਏ . ਕੈਪਟਨ ਅਮਰਿੰਦਰ ਸਿੰਘ ਨੇ ਪੰਜਾਬ ਦੇ ਰਾਜਪਾਲ ਅਤੇ ਗ੍ਰਹਿ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਪੁਲਿਸ ਦੀ ਸਿਆਸੀ ਦੁਰਵਰਤੋਂ ਦਾ ਨੋਟਿਸ ਲੈਣ. ਓਧਰ ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਕੁਮਾਰ ਨੇ ਜਾਖੜ ਦੀ ਗਿਰਫਤਾਰੀ ਦੀ ਨਿੰਦਾ ਕਰਦਿਆਂ ਕਿਹਾ ਏ ਕਿ ਭਾਜਪਾ ਵਰਕਰ ਜਨਤਾ ਦੀ ਸੇਵਾ ਜਾਰੀ ਰੱਖਣਗੇ. ਮਨਪ੍ਰੀਤ ਸਿੰਘ ਬਾਦਲ ਨੇ ਕਿਹਾ ਕਿ ਆਮ ਲੋਕਾਂ ਲਈ ਕੇਂਦਰ ਸਰਕਾਰ ਵਲੋਂ ਬਣਾਇਆਂ ਗਈਆਂ ਯੋਜਨਾਵਾਂ

ਦੀ ਜਾਣਕਾਰੀ ਦੇਣ ਵਿਚ ਕੋਈ ਗ਼ਲਤ ਗੱਲ ਨਹੀਂ ਏ . ਉਹਨਾਂ ਭਾਜਪਾ ਆਗੂਆਂ ਦੀ ਗਿਰਫਤਾਰੀ ਤੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਆਪਣੇ ਹਕਾਂ ਦੀ ਜਾਣਕਾਰੀ ਦੇਣੀ ਚਾਹੀਦੀ ਏ, ਜਾਬਰ ਨਹੀਂ. ਬੀਤੇ ਦਿਨ ਵੀ ਭਾਜਪਾ ਦੀ ਮੁਹਿੰਮ -bjp de ਸੇਵਾਦਾਰ ਆ ਗਏ ਨੇ ਤੁਹਾਡੇ ਦਵਾਰ- ਹੇਠ ਲਗਾਏ ਜਾ ਰਹੇ ਕੈਂਪਾਂ ਨੂੰ ਰੋਕ ਕੇ ਭਾਜਪਾ ਆਗੂਆਂ ਨੂੰ ਕੁਝ ਸਮੇ ਲਈ ਹਿਰਾਸਤ ਵਿਚ ਲਿਆ ਗਿਆ ਸੀ, ਓਧਰ ਸੂਬੇ ਦੇ ਵਿਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਭਾਜਪਾ ਤੇ ਇਲਜ਼ਾਮ ਲਗਾਇਆ ਏ ਕਿ ਇਹ ਪਾਰਟੀ ਬੀਤੇ ਕਈ ਦਿਨਾਂ ਤੋਂ ਸੂਬੇ ਵਿਚ ਕੈਂਪ ਲਗਾ ਕੇ ਲੋਕਾਂ ਦਾ ਡਾਟਾ ਚੋਰੀ ਕਰ ਰਹੀ ਏ

---------------------------------------------------------------------------------

ਉੱਘੇ ਕਾਮੇਡੀਅਨ ਅਤੇ ਪੰਜਾਬੀ ਸਿਨੇਮਾ ਦੇ ਦਿੱਗਜ ਅਦਾਕਾਰ ਜਸਵਿੰਦਰ ਭੱਲਾ ਦਾ ਅੱਜ ਸਵੇਰੇ ਮੋਹਾਲੀ ਦੇ ਇੱਕ ਨਿੱਜੀ ਹਸਪਤਾਲ ਵਿੱਚ ਦੇਹਾਂਤ ਹੋ ਗਿਆ। ਉਹ 65 ਸਾਲ ਦੇ ਸਨ। ਸਾਡੇ ਪੱਤਰਕਾਰ ਨੇ ਦਸਿਆ ਕਿ ਉਨ੍ਹਾਂ ਦਾ ਅੰਤਿਮ ਸੰਸਕਾਰ ਕੱਲ੍ਹ ਦੁਪਹਿਰ 1 ਵਜੇ ਬਲੌਂਗੀ ਸਥਿਤ ਸ਼ਮਸ਼ਾਨਘਾਟ ਵਿਖੇ ਕੀਤਾ ਜਾਵੇਗਾ। ਲੁਧਿਆਣਾ ਦੇ ਦੋਰਾਹਾ ਕਸਬੇ ਵਿੱਚ ਜਨਮੇ ਜਸਵਿੰਦਰ ਭੱਲਾ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਤੋਂ M.Sc ਅਤੇ ਚੌਧਰੀ ਚਰਨ ਸਿੰਘ ਪੋਸਟ ਗ੍ਰੈਜੂਏਟ ਕਾਲਜ, ਮੇਰਠ ਤੋਂ ਪੀ.ਐਚ.ਡੀ. ਕੀਤੀ ।

ਅਧਿਆਪਨ ਤੋਂ ਕਾਮੇਡੀ ਅਤੇ ਫਿਲਮੀ ਦੁਨੀਆ ਵਿੱਚ ਆਏ ਜਸਵਿੰਦਰ ਭੱਲਾ ਨੇ ਆਪਣੀ ਵਿਲੱਖਣ ਹਾਸਰਸ ਸ਼ੈਲੀ ਅਤੇ ਫਿਲਮਾਂ ਵਿੱਚ ਯਾਦਗਾਰੀ ਕਿਰਦਾਰਾਂ ਨਾਲ ਮਨੋਰੰਜਨ ਜਗਤ ਵਿੱਚ ਇੱਕ ਅਮਿੱਟ ਛਾਪ ਛੱਡੀ। ਉਨ੍ਹਾਂ ਕਈ ਪ੍ਰਸਿੱਧ ਪੰਜਾਬੀ ਫਿਲਮਾਂ ਵਿੱਚ ਕੰਮ ਕੀਤਾ । ਉਨ੍ਹਾਂ ਦਾ ਫਿਲਮੀ ਸਫ਼ਰ ਫਿਲਮ "ਦੁੱਲਾ ਭੱਟੀ" ਨਾਲ ਸ਼ੁਰੂ ਹੋਇਆ । ਉਨ੍ਹਾਂ ਆਪਣੇ ਕਰੀਅਰ ਦੀ ਸ਼ੁਰੂਆਤ ਵਿੱਚ, ਜਲੰਧਰ ਦੂਰਦਰਸ਼ਨ ਦੇ ਵੱਖ-ਵੱਖ ਪ੍ਰੋਗਰਾਮਾਂ ਵਿੱਚ ਵੀ ਕੰਮ ਕੀਤਾ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਵਿਤ ਮੰਤਰੀ ਹਰਪਾਲ ਸਿੰਘ ਚੀਮਾ, ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਉਨ੍ਹਾਂ ਦੇ ਅਕਾਲ ਚਲਾਣੇ ਉੱਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਏ । ਉਨ੍ਹਾਂ ਕਿਹਾ ਕਿ ਜਸਵਿੰਦਰ ਭੱਲਾ ਇੱਕ ਬੇਹਤਰੀਨ ਇਨਸਾਨ ਅਤੇ ਪੰਜਾਬੀਆਂ ਦਾ ਮਾਣ ਸਨ । ਉਨ੍ਹਾਂ ਪਰਮਾਤਮਾ ਅੱਗੇ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਦੀ ਅਰਦਾਸ ਕੀਤੀ ।

---

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਏ ਕਿ ਪੰਜਾਬ ਸਰਕਾਰ ਵੱਲੋਂ ਆਉਣ ਵਾਲੇ ਸਮੇਂ ਵਿੱਚ ਆਈ.ਟੀ. ਸੈਕਟਰ ਨੂੰ ਕਾਫੀ ਸ਼ਹਿਰਾਂ ਵਿਚ ਅੱਗੇ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਉਦਯੋਗਪਤੀਆਂ ਵਲੋਂ ਕਰੀਬ ਇਕ ਲੱਖ ਕਰੋੜ ਰੁਪਏ ਤੋਂ ਵੱਧ ਦਾ

ਨਿਵੇਸ਼ ਕੀਤਾ ਜਾ ਚੁੱਕਾ ਏ ਤੇ ਆਈ.ਟੀ. ਖੇਤਰ ਵਿੱਚ ਵੀ ਵੱਡੇ ਪੱਧਰ 'ਤੇ ਨਿਵੇਸ਼ ਆ ਰਿਹਾ ਏ ।ਅੱਜ ਲੁਧਿਆਣਾ ਵਿਖੇ ''ਆਈ.ਟੀ. ਇੰਡੀਆ ਐਕਸਪੋ - 2025'' ਦਾ ਉਦਘਾਟਨ ਕਰਦਿਆਂ ਉਨ੍ਹਾਂ ਕਿਹਾ ਏ ਕਿ ਇਹ ਪੰਜਾਬ ਦੀ ਹੀ ਨਹੀਂ ਸਗੋਂ ਭਾਰਤ ਦੀ ਸਭ ਤੋਂ ਵੱਡੀ ਐਗਜੀਬਿਸ਼ਨ ਏ, ਜਿਸ ਦੀ ਤਿਆਰੀ ਪਿਛਲੇ ਕਰੀਬ 3 ਸਾਲਾਂ ਤੋਂ ਕੀਤੀ ਜਾ ਰਹੀ ਸੀ । ਉਨ੍ਹਾਂ ਦੱਸਿਆ ਕਿ ਵੱਖ-ਵੱਖ ਕੰਪਨੀਆਂ ਦੇ ਕਰੀਬ 1000 ਤੋਂ ਵੱਧ ਡੀਲਰਾਂ ਵੱਲੋਂ ਇਸ ਵਿਚ ਸ਼ਿਰਕਤ ਕੀਤੀ ਜਾ ਚੁੱਕੀ ਏ ਤੇ ਆਈ.ਟੀ. ਸੈਕਟਰ ਨਾਲ ਜੁੜੇ ਕਰੀਬ 22 ਹਜ਼ਾਰ ਵਿਦਿਆਰਥੀਆਂ ਵੱਲੋਂ ਰਜਿਸਟਰੇਸ਼ਨ ਕਰਵਾਈ ਜਾ ਚੁੱਕੀ ਏ । ਉਨ੍ਹਾਂ ਦੱਸਿਆ ਕਿ ਇਸ ਐਗਜੀਬਿਸ਼ਨ ਰਾਹੀਂ ਵਿਦਿਆਰਥੀ ਨਵੀਂ ਤਕਨੀਕ ਬਾਰੇ ਜਾਣਕਾਰੀ ਹਾਸਲ ਕਰਨ ਵਿੱਚ ਸਫਲ ਹੋਣਗੇ ਜਿਹੜੀ ਕਿ ਆਨਲਾਈਨ ਉਪਲੱਬਧ ਨਹੀਂ ਹੁੰਦੀ ਏ ।

---------------------------------------------------------------------------

ਪਟਿਆਲੇ ਦੇ ਹੋਣਹਾਰ ਖਿਡਾਰੀ ਵਿਹਾਨ ਮਲਹੋਤਰਾ ਦੀ ਆਸਟਰੇਲੀਆ ਵਿਖੇ ਜਾਣ ਵਾਲੀ ਭਾਰਤ ਦੀ ਅੰਡਰ 19 ਕ੍ਰਿਕਟ ਟੀਮ ਵਿੱਚ ਉਸਦੀ ਚੋਣ ਕੀਤੀ ਹੈ। ਇਸ ਸਬੰਧੀ ਜਦੋਂ ਉਹਨਾਂ ਦੇ ਕੋਚ ਕ੍ਰਿਕਟ ਹੱਬ ਦੇ ਕਮਲ ਸੰਧੂ ਨੇ ਦੱਸਿਆ ਕਿ ਵਿਹਾਨ ਮਲਹੋਤਰਾ ਭਾਵੇਂ ਅੰਡਰ 19 ਦਾ ਖਿਡਾਰੀ ਹੈ ਪਰ ਉਸਨੇ ਪਟਿਆਲਾ ਵੱਲੋਂ ਖੇਡਦਿਆ ਸੀਨੀਅਰ ਕਟੋਚ ਸੀਲਡ

ਮੈਚਾਂ ਵਿੱਚ ਵੀ ਸੈਂਕੜੇ ਲਾਏ ਹਨ। ਉਹਨਾਂ ਨੇ ਮਲਹੋਤਰਾ ਦੀ ਮਿਹਨਤ ਬਾਰੇ ਦੱਸਦਿਆਂ ਕਿਹਾ ਕਿ ਭਾਵੇਂ ਕੋਈ ਵੀ ਮੌਸਮ ਹੋਵੇ, ਉਹ ਪ੍ਰੈਕਟਿਸ ਕਦੇ ਨਹੀਂ ਛੱਡਦਾ। ਸਵੇਰੇ ਸ਼ਾਮ ਬਾਕੀ ਖਿਡਾਰੀਆ ਨਾਲ ਪ੍ਰੈਕਟਿਸ ਕਰਨ ਤੋਂ ਇਲਾਵਾ, ਉਹ ਕਈ ਕਈ ਘੰਟੇ ਇਨਡੋਰ ਵਿੱਚ ਪਸੀਨਾ ਵਹਾਉਂਦਾ ਹੈ। ਇਹੀ ਕਾਰਨ ਹੈ ਕਿ ਵਿਹਾਨ ਮਲਹੋਤਰਾ ਆਸਟਰੇਲੀਆ ਜਾਣ ਵਾਲੀ ਭਾਰਤੀ ਕ੍ਰਿਕਟ ਟੀਮ ਵਿੱਚ ਚੁਣਿਆ ਗਿਆ ਹੈ।

---

ਪੰਜਾਬ ਸਰਕਾਰ ਵੱਲੋਂ ਮਲੋਟ ਹਲਕੇ ਦੇ ਸਰਵਪੱਖੀ ਵਿਕਾਸ ਲਈ ਵੱਡੇ ਪ੍ਰੋਜੈਕਟਾਂ ਨੂੰ ਅੱਗੇ ਵਧਾਉਂਦਿਆਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਲਗਭਗ 12 ਕਰੋੜ ਰੁਪਏ ਦੀਆਂ ਗ੍ਰਾਂਟਾਂ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਦੀ ਜ਼ਰੂਰਤ ਮੁਤਾਬਕ ਬਿਨਾਂ ਕਿਸੇ ਭੇਦਭਾਵ ਦੇ ਗ੍ਰਾਂਟਾਂ ਜਾਰੀ ਕਰ ਰਹੀ ਏ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਆਗਾਮੀ ਝੋਨੇ ਦੇ ਸੀਜ਼ਨ ਲਈ ਪਿੰਡਾਂ ਦੀਆਂ ਮੰਡੀਆਂ ਨੂੰ ਅਪਗ੍ਰੇਡ ਕਰਨ ਲਈ 1.71 ਕਰੋੜ ਰੁਪਏ ਦੀ ਲਾਗਤ ਨਾਲ ਸਟੀਲ ਸ਼ੈਡਾਂ ਬਣਾਏ ਜਾ ਰਹੇ ਨੇ। ਇਸੇ ਤਰ੍ਹਾਂ ਪਿੰਡ ਥੇੜੀ ਦੇ ਪੰਚਾਇਤ ਘਰਾਂ ਦੇ ਨਵੀਨੀਕਰਨ ਲਈ 20 ਲੱਖ ਰੁਪਏ ਜਾਰੀ ਹੋਣ ਨਾਲ ਹੁਣ ਤੱਕ ਕੁੱਲ

26 ਲੱਖ ਰੁਪਏ ਮਿਲ ਚੁੱਕੇ ਨੇ। ਮੰਤਰੀ ਨੇ ਕਿਹਾ ਕਿ ਮਲੋਟ ਸ਼ਹਿਰ ਦੇ ਸੁੰਦਰੀਕਰਨ ਲਈ ਲਗਭਗ 10.12 ਕਰੋੜ ਰੁਪਏ ਦੀ ਲਾਗਤ ਨਾਲ ਗਲੀਆਂ ਵਿੱਚ ਇੰਟਰਲਾਕ ਟਾਈਲਾਂ ਅਤੇ 2,000 ਸਟਰੀਟ ਲਾਈਟਾਂ ਲਗਾਉਣ ਦੇ ਕੰਮ ਸ਼ੁਰੂ ਹੋ ਰਹੇ ਹਨ। ਡਾ. ਬਲਜੀਤ ਕੌਰ ਨੇ ਕਿਹਾ ਕਿ ਸਰਕਾਰ ਦਾ ਮੁੱਖ ਧਿਆਨ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਨੂੰ ਸੁਖਾਲਾ ਬਣਾਉਣ 'ਤੇ ਹੈ। ਸਿਹਤ ਸਹੂਲਤਾਂ, ਸਿੱਖਿਆ ਦੇ ਮਿਆਰ, ਸੜਕਾਂ ਦੀ ਸੁਧਾਰ ਅਤੇ ਰੌਸ਼ਨੀ ਵਰਗੀਆਂ ਬੁਨਿਆਦੀ ਲੋੜਾਂ ਨੂੰ ਪੂਰਾ ਕਰਨਾ ਸਰਕਾਰ ਦੀ ਪਹਿਲ ਹੈ ਤਾਂ ਜੋ ਹਰੇਕ ਆਮ ਪਰਿਵਾਰ ਨੂੰ ਅਸਲ ਲਾਭ ਮਿਲ ਸਕੇ।

---

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਕਿ ਪੰਜਾਬ ਸਰਕਾਰ ਵੱਲੋਂ ਪਾਣੀ ਨਾਲ ਪ੍ਰਭਾਵਿਤ ਇਲਾਕਿਆਂ ਅੰਦਰ ਲੋਕਾਂ ਨੂੰ ਮੁਕੰਮਲ ਸਿਹਤ ਸੇਵਾਵਾਂ ਦੇਣ ਤੇ ਬਿਮਾਰੀਆਂ ਦੀ ਰੋਕਥਾਮ ਲਈ ਪੁਖਤਾ ਪ੍ਰਬੰਧ ਕੀਤੇ ਗਏ ਨੇ । ਉਨ੍ਹਾਂ ਕਿਹਾ ਕਿ ਡੇਂਗੂ , ਡਾਇਰੀਆ ਚਿਕਨਗੁਨੀਆ ਤੋਂ ਰੋਕਥਾਮ ਲਈ ਪ੍ਰਭਾਵਿਤ ਇਲਾਕਿਆਂ ਵਿੱਚ ਵਿਸ਼ੇਸ਼ ਡਾਕਟਰੀ ਟੀਮਾਂ ਤਾਇਨਾਤ ਕਰਨ ਦੇ ਹੁਕਮ ਦਿੱਤੇ । ਇਸ ਤੋਂ ਇਲਾਵਾ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਨੂੰ

ਰੋਕਣ ਲਈ ਜਾਗਰੂਕਤਾ ਮੁਹਿੰਮ ਹੋਰ ਵਿਆਪਕ ਪੱਧਰ ਤੇ ਚਲਾਉਣ ਦੇ ਹੁਕਮ ਦਿੱਤੇ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਆਪ੍ਰੇਸ਼ਨ ਸਿੰਦੂਰ ਨੇ ਭਾਰਤ ਦੀ ਰੱਖਿਆ ਰਣਨੀਤੀ ਵਿੱਚ ਇੱਕ ਨਵੀਂ ਲਕੀਰ ਖਿੱਚੀ ਏ - ਉਹਨਾਂ ਬਿਹਾਰ ਦੇ ਗਯਾ ਵਿਚ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ
- ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਨੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਕੀਤੀ ਮੁਲਾਕਾਤ-ਪੁਲਾੜ ਦੇ ਅਨੁਭਵ ਕੀਤੇ ਸਾਂਝੇ.
- ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਤੇ ਸਾਬਕਾ ਸਿਹਤ ਮੰਤਰੀ ਸੁਰਜੀਤ ਕੁਮਾਰ ਜਿਆਣੀ ਅਤੇ ਹੋਰਾਂ ਨੂੰ ਹਿਰਾਸਤ ਵਿਚ ਲਿਆ
- ਉੱਘੇ ਕਾਮੇਡੀਅਨ ਤੇ ਪੰਜਾਬੀ ਸਿਨੇਮਾ ਦੇ ਦਿੱਗਜ ਅਦਾਕਾਰ ਜਸਵਿੰਦਰ ਭੱਲਾ ਦਾ ਹੋਇਆ ਦੇਹਾਂਤ-ਸਸਕਾਰ ਕਲ
- ਪਟਿਆਲੇ ਦੇ ਹੋਣਹਾਰ ਖਿਡਾਰੀ ਵਿਹਾਨ ਮਲਹੋਤਰਾ ਦੀ ਆਸਟਰੇਲੀਆ ਦੌਰੇ ਲਈ ਭਾਰਤ ਦੀ ਅੰਡਰ 19 ਕ੍ਰਿਕਟ ਟੀਮ ਵਿੱਚ ਹੋਈ ਚੋਣ